ਜ਼ਿਲ੍ਹਾ ਲੋਕ ਸੰਪਰਕ ਅਫ਼ਸਰ,ਕਪੂਰਥਲਾ

ਪੰਜਾਬ ਵਿਧਾਨ ਸਭਾ ਚੋਣਾਂ 2022 ਦੇ ਮੱਦੇਨਜ਼ਰ ਜ਼ਿਲ੍ਹਾ ਪੱਧਰੀ ਕੰਟਰੋਲ ਰੂਮ ਦੀ ਸਥਾਪਨਾ

ਕਪੂਰਥਲਾ, 23 ਦਸਬੰਰ-

ਪੰਜਾਬ ਵਿਧਾਨ ਸਭਾ ਚੋਣਾਂ 2022 ਦੇ ਮੱਦੇਨਜ਼ਰ ਕਪੂਰਥਲਾ ਜ਼ਿਲ੍ਹੇ ਵਿਚ ਚੋਣਾਂ ਸਬੰਧੀ ਸ਼ਿਕਾਇਤ ਸੈੱਲ ਅਤੇ ਕੰਟਰੋਲ ਰੂਮ ਕਮਰਾ ਨੰਬਰ 319 ਤੀਸਰੀ ਮੰਜਿਲ ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਕਪੂਰਥਲਾ ਵਿਖੇ ਸਥਾਪਿਤ ਕੀਤਾ ਗਿਆ ਹੈ।

ਜ਼ਿਲਾ ਚੋਣ ਅਫ਼ਸਰ ਕਮ ਡਿਪਟੀ ਕਮਿਸ਼ਨਰ ਸ੍ਰੀਮਤੀ ਦੀਪਤੀ ਉੱਪਲ ਨੇ ਦੱਸਿਆ ਕਿ ਵਿਧਾਨ ਸਭਾ ਚੋਣਾਂ 2022 ਦੌਰਾਨ ਆਮ ਲੋਕ ਕਪੂਰਥਲਾ ਜ਼ਿਲ੍ਹੇ ਵਿਚ ਪੈਂਦੇ ਖੇਤਰ ਦੀ ਵੋਟਰ ਸੂਚੀ,ਬੀ.ਐਲ.ਓ,ਸ਼ਨਾਖਤੀ ਕਾਰਡ ਸਬੰਧੀ ਜਾਣਕਾਰੀ,ਚੋਣਾਂ ਸਬੰਧੀ ਕੋਈ ਸ਼ਿਕਾਇਤ ਇਸ ਕੰਟਰੋਲ ਰੂਮ ਵਿਖੇ ਦਰਜ ਕਰਵਾ ਸਕਦੇ ਹਨ।

ਸ੍ਰੀਮਤੀ ਅਨੁਪਮ ਕਲੇਮ ਵਧੀਕ ਡਿਪਟੀ ਕਮਿਸ਼ਨਰ ਸ਼ਹਿਰੀ ਵਿਕਾਸ ਨੂੰ ਇਸਦਾ ਇੰਚਾਰਜ ਬਣਾਇਆ ਗਿਆ ਹੈ।

ਇਸ ਤੋਂ ਇਲਾਵਾ ਵਿਧਾਨ ਸਭਾ ਚੋਣਾਂ ਲਈ ਹੀ ਜ਼ਿਲ੍ਹਾ ਪੱਧਰੀ ਸੰਪਰਕ ਨੰ 01822-292001 ਸਥਾਪਿਤ ਕੀਤਾ ਗਿਆ ਹੈ। ਉਨ੍ਹਾਂ ਦੱਸਿਆ ਕਿ ਲੋਕ ਭਾਰਤੀ ਚੋਣ ਕਮਿਸ਼ਨ ਦੇ ਟੋਲ ਫਰੀ ਨੰਬਰ 1950 ਤੇ ਫ਼ੋਨ ਕਰਕੇ ਵੋਟ ਬਣਵਾਉਣ,ਕਟਵਾਉਣ,ਸੋਧ ਕਰਵਾਉਣ ਸਬੰਧੀ ਜਾਣਕਾਰੀ ਵੀ ਪ੍ਰਾਪਤ ਕਰ ਸਕਦੇ ਹਨ।